# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 07-11-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਗੀਤ "ਵੰਦੇ ਮਾਤਰਮ" ਦੇ 150 ਸਾਲਾਂ ਦੇ ਯਾਦਗਾਰੀ ਸਮਾਰੋਹ ਦੀ ਸ਼ੁਰੂਆਤ ਕੀਤੀ। ਪ੍ਰਧਾਨ ਮੰਤਰੀ ਨੇ ਇਸ ਮੌਕੇ ਇੱਕ ਯਾਦਗਾਰੀ ਡਾਕ ਟਿਕਟ ਅਤੇ ਸਿੱਕਾ ਵੀ ਜਾਰੀ ਕੀਤਾ। ਉਨ੍ਹਾਂ ਨੇ ਪੋਰਟਲ - "vandemataram150.in" ਵੀ ਲਾਂਚ ਕੀਤਾ, ਜਿੱਥੇ ਨਾਗਰਿਕ ਰਾਸ਼ਟਰੀ ਗੀਤ ਗਾਉਣ ਦੇ ਆਪਣੇ ਵੀਡੀਓ ਅਪਲੋਡ ਕਰ ਸਕਦੇ ਨੇ ਅਤੇ ਪ੍ਰਮਾਣ ਪੱਤਰ ਪ੍ਰਾਪਤ ਕਰ ਸਕਦੇ ਨੇ. ਰਾਸ਼ਟਰੀ ਰਾਜਧਾਨੀ ਦੇ ਇੰਦਰਾ ਗਾਂਧੀ ਇਨਡੋਰ ਸਟੇਡੀਅਮ ਵਿੱਚ ਸਮਾਗਮ ਨੂੰ ਸੰਬੋਧਨ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਵੰਦੇ ਮਾਤਰਮ ਇੱਕ ਮੰਤਰ, ਇੱਕ ਊਰਜਾ, ਇੱਕ ਸੁਪਨਾ ਅਤੇ ਇੱਕ ਸੰਕਲਪ ਏ । ਉਨ੍ਹਾਂ ਨੇ ਇਸ ਨੂੰ ਭਾਰਤ ਮਾਤਾ ਦੀ ਸ਼ਰਧਾ ਅਤੇ ਪੂਜਾ ਦੱਸਦਿਆਂ ਇਸ ਦੀ ਸ਼ਲਾਘਾ ਕੀਤੀ  ਜੋ ਕਿਸੇ ਨੂੰ ਇਤਿਹਾਸ ਵਿੱਚ ਵਾਪਸ ਲੈ ਜਾਂਦੀ ਏ, ਵਰਤਮਾਨ ਨੂੰ ਆਤਮਵਿਸ਼ਵਾਸ ਨਾਲ ਭਰ ਦਿੰਦੀ ਏ, ਅਤੇ ਭਵਿੱਖ

ਲਈ ਨਵੀਂ ਹਿੰਮਤ ਪੈਦਾ ਕਰਦੀ ਏ ਕਿ ਕੋਈ ਵੀ ਸੰਕਲਪ ਪੂਰਾ ਕੀਤਾ ਜਾ ਸਕਦਾ ਏ ਅਤੇ ਅਜਿਹਾ ਕੋਈ ਵੀ ਟੀਚਾ ਨਹੀਂ ਜਿਸ ਨੂੰ ਪ੍ਰਾਪਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਨੇ ਵੰਦੇ ਮਾਤਰਮ ਦੇ ਸਮੂਹਿਕ ਗਾਇਨ ਦੀ ਸ਼ਲਾਘਾ, ਪ੍ਰਗਟਾਵੇ ਤੋਂ ਪਰੇ ਇੱਕ ਅਨੁਭਵ ਵਜੋਂ ਕੀਤੀ ਜੋ ਦਿਲ ਨੂੰ ਹਿਲਾ ਦਿੰਦਾ ਏ- byte-PM

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਰਾਸ਼ਟਰੀ ਗੀਤ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ ਮੌਕੇ ਇਸਨੂੰ ਯਾਦ ਕੀਤਾ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਇਸ ਗੀਤ ਨੇ ਲੋਕਾਂ ਨੂੰ ਇੱਕਜੁੱਟ ਕੀਤਾ ਏ ਅਤੇ ਕਰਦਾ ਰਹੇਗਾ। ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਵੀ ਰਾਸ਼ਟਰੀ ਗੀਤ "ਵੰਦੇ ਮਾਤਰਮ" ਦੀ 150ਵੀਂ ਵਰ੍ਹੇਗੰਢ ਮਨਾਈ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਰਾਧਾਕ੍ਰਿਸ਼ਨਨ ਨੇ ਵੰਦੇ ਮਾਤਰਮ ਨੂੰ ਇੱਕ ਸਦੀਵੀ ਗੀਤ ਦੱਸਿਆ ਜੋ ਰਾਸ਼ਟਰਵਾਦ ਦੀ ਭਾਵਨਾ ਨੂੰ ਜਗਾਉਂਦਾ ਏ ਅਤੇ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ।

---------------------------------------------------

"ਵੰਦੇ ਮਾਤਰਮ" ਦੀ 150ਵੀਂ ਵਰ੍ਹੇਗੰਢ ਮਨਾਉਣ ਲਈ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ, ਅੰਮ੍ਰਿਤਸਰ ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਾਇਆ ਗਿਆ। ਇਹ ਸਮਾਗਮ ਭਾਰਤ ਦੀ ਰਾਸ਼ਟਰੀ ਹਵਾਈ ਅੱਡਾ ਅਥਾਰਟੀ ਵਲੋਂ ਕਰਾਇਆ ਗਿਆ ਸੀ ਤੇ ਇਹ ਦੇਸ਼ ਭਗਤੀ ਅਤੇ ਸੱਭਿਆਚਾਰਕ ਮਾਣ ਨੂੰ ਉਤਸ਼ਾਹਿਤ ਕਰਨ ਲਈ ਚੱਲ ਰਹੀ ਦੇਸ਼ ਵਿਆਪੀ ਮੁਹਿੰਮ ਦਾ ਹਿੱਸਾ ਸੀ। ਮੁਸਾਫ਼ਿਰਾਂ, ਹਵਾਈ ਅੱਡੇ ਦੇ ਅਮਲੇ ਅਤੇ ਅਧਿਕਾਰੀਆਂ ਨੇ ਸਮੂਹਿਕ ਤੌਰ 'ਤੇ "ਵੰਦੇ ਮਾਤਰਮ" ਗਾ ਕੇ ਦੇਸ਼ ਭਗਤੀ ਦੀ ਭਾਵਨਾ ਨੂੰ ਜੀਵੰਤ ਬਣਾਇਆ। ਇਸੇ ਤਰ੍ਹਾਂ ਆਕਾਸ਼ਵਾਣੀ ਜਲੰਧਰ ‘ਚ ਵੀ ਅਮਲੇ ਦੇ ਸਾਰੇ ਮੈਂਬਰਾਂ ਨੇ ਇਕਜੁਟ ਹੋ ਕੇ ਦੇਸ਼ਭਗਤੀ ਦੀ ਭਾਵਨਾ ਨਾਲ ਰਲ ਕੇ ਰਾਸ਼ਟਰੀ ਗੀਤ ਵੰਦੇ ਮਾਤਰਮ ਗਾਇਆ।

---------------------------------------------------------------

ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਪੰਜਾਬ ਸਰਕਾਰ 8 ਨਵੰਬਰ ਨੂੰ ਗੁਰਦਾਸਪੁਰ, ਫਰੀਦਕੋਟ, ਫਾਜ਼ਿਲਕਾ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਵਿੱਚ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ

ਸਮਰਪਿਤ ਲਾਈਟ ਐਂਡ ਸਾਊਂਡ ਸ਼ੋਅ ਦਾ ਦੂਜਾ ਗੇੜ੍ਹ ਕਰਾ ਰਹੀ ਏ। ਉਨ੍ਹਾਂ ਕਿਹਾ ਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਤੇ ਡਿਪਟੀ ਸਪੀਕਰ ਦੇ ਨਾਲ-ਨਾਲ ਵੱਖ-ਵੱਖ ਕੈਬਨਿਟ ਮੰਤਰੀ ਸ਼ਰਧਾਲੂਆਂ ਦੇ ਨਾਲ ਇਨ੍ਹਾਂ ਸਮਾਗਮਾਂ ਵਿੱਚ ਹਿੱਸਾ ਲੈਣਗੇ। ਸ੍ਰੀ ਸੌਂਦ ਨੇ ਕਿਹਾ ਕਿ ਫਾਜ਼ਿਲਕਾ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਸ਼ਹੀਦ ਭਗਤ ਸਿੰਘ ਸਪੋਰਟਸ ਸਟੇਡੀਅਮ ਵਿੱਚ ਹੋਵੇਗਾ, ਜਿੱਥੇ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਹਿੱਸਾ ਲੈਣਗੇ। ਹੁਸ਼ਿਆਰਪੁਰ ਵਿੱਚ, ਸ਼ੋਅ ਮਲਟੀਪਰਪਜ਼ ਆਊਟਡੋਰ ਸਟੇਡੀਅਮ, ਲਾਜਵੰਤੀ ਵਿਖੇ ਕਰਾਇਆ ਜਾਵੇਗਾ ਅਤੇ ਇਸ ਵਿੱਚ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ, ਸਥਾਨਕ ਸਰਕਾਰਾਂ ਅਤੇ ਸੰਸਦੀ ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਅਤੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਸ਼ਾਮਲ ਹੋਣਗੇ । ਫਰੀਦਕੋਟ ਵਿੱਚ ਸ਼ੋਅ ਨਹਿਰੂ ਸਟੇਡੀਅਮ ਵਿੱਚ ਹੋਏਗਾ, ਜਿੱਥੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਇਸ ਮੌਕੇ ਦੀ ਸ਼ੋਭਾ ਵਧਾਉਣਗੇ । ਇਸੇ ਤਰ੍ਹਾਂ, ਗੁਰਦਾਸਪੁਰ ਜ਼ਿਲ੍ਹੇ ਵਿੱਚ, ਲਾਈਟ ਐਂਡ ਸਾਊਂਡ ਸ਼ੋਅ ,IT। ਬਟਾਲਾ ਵਿਖੇ ਹੋਵੇਗਾ, ਜਿੱਥੇ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਮੌਜੂਦ ਰਹਿਣਗੇ

--------------------------------------------------

ਝੋਨੇ ਦੀ ਸੁਚਾਰੂ ਖ਼ਰੀਦ ਨੂੰ ਯਕੀਨੀ ਬਣਾਉਣ ਵਿੱਚ ਕੋਈ ਕਸਰ ਨਾ ਛੱਡਦੇ ਹੋਏ ਪੰਜਾਬ ਸਰਕਾਰ ਦੀ ਸਰਗਰਮ ਪਹੁੰਚ ਸਦਕਾ 5 ਨਵੰਬਰ ਤੱਕ 10 ਲੱਖ 11 ਹਜ਼ਾਰ 149 ਲੱਖ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) ਦਾ ਲਾਭ ਮਿਲਿਆ ਏ। ਇਸ ਬਾਰੇ ਜਾਣਕਾਰੀ ਦਿੰਦਿਆਂ ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ, ਖ਼ਰੀਦ, ਚੁਕਾਈ ਅਤੇ ਅਦਾਇਗੀ ਪੂਰੇ ਜ਼ੋਰਾਂ-ਸ਼ੋਰਾਂ ਨਾਲ ਕੀਤੀ ਜਾ ਰਹੀ ਏ। ਹੁਣ ਤੱਕ 95 ਹਜ਼ਾਰ 21 ਕਿਸਾਨਾਂ ਨੂੰ ਐਮ.ਐਸ.ਪੀ. ਦਾ ਲਾਭ ਮਿਲਣ ਨਾਲ ਪਟਿਆਲਾ ਜ਼ਿਲ੍ਹਾ ਸਭ ਤੋਂ ਅੱਗੇ ਏ।

-----------------------------------------------------------

ਹਾਕੀ ਇੰਡੀਆ ਅੱਜ ਦੇਸ਼ ਦੇ 550 ਤੋਂ ਵੱਧ ਜ਼ਿਲ੍ਹਿਆਂ ਵਿੱਚ ਭਾਰਤੀ ਹਾਕੀ ਦੇ 100 ਸਾਲ ਪੂਰੇ ਹੋਣ ਦਾ ਜਸ਼ਨ ਮਨਾ ਰਿਹਾ ਏ । ਇਹ ਜਸ਼ਨ ਦੇਸ਼ ਵਿੱਚ ਇਸ ਖੇਡ ਦੇ ਸ਼ਾਨਦਾਰ ਵਿਰਸੇ ਨੂੰ ਸਮਰਪਿਤ ਨੇ। ਇਸੇ ਇਤਿਹਾਸਕ ਦਿਨ 'ਤੇ 7 ਨਵੰਬਰ, 1925 ਨੂੰ ਭਾਰਤ ਵਿੱਚ ਫੀਲਡ ਹਾਕੀ ਦੀ ਖੇਡ ਲਈ ਭਾਰਤੀ ਹਾਕੀ ਫੈਡਰੇਸ਼ਨ (IHF) ਦੀ ਗਵਰਨਿੰਗ ਬਾਡੀ ਦੀ ਸਥਾਪਨਾ ਕੀਤੀ ਗਈ ਸੀ। ਇਸ ਖੇਡ ਨੇ ਬਾਅਦ ਵਿੱਚ ਦੇਸ਼ ਨੂੰ 8 ਓਲੰਪਿਕ ਸੋਨ ਤਮਗੇ ਅਤੇ ਵਿਸ਼ਵ ਪੱਧਰੀ ਖਿਡਾਰੀ ਦਿੱਤੇ । ਸਾਡੇ

ਪੱਤਰਕਾਰ ਨੇ ਖਬਰ ਦਿੱਤੀ ਏ ਕਿ ਜਲੰਧਰ ਦੇ ਪਿੰਡ ਸੰਸਾਰਪੁਰ, ਜਿਸ ਨੂੰ ਭਾਰਤੀ ਹਾਕੀ ਦੀ ਨਰਸਰੀ ਵੀ ਕਿਹਾ ਜਾਂਦਾ ਏ, ਨੇ ਦੇਸ਼ ਨੂੰ ਉੱਚ ਪੱਧਰੀ ਹਾਕੀ ਖਿਡਾਰੀ ਦੇਣ ਵਿਚ ਅਹਿਮ ਭੂਮਿਕਾ ਨਿਭਾਈ ਏ। ਸੁਰਜੀਤ ਹਾਕੀ ਸੋਸਾਇਟੀ, ਜਲੰਧਰ ਦੇ ਕਾਰਜਕਾਰੀ ਪ੍ਰਧਾਨ, ਐਲ.ਆਰ. ਨਈਅਰ ਨੇ ਆਕਾਸ਼ਵਾਣੀ ਨੂੰ ਦੱਸਿਆ ਕਿ ਸੁਰਜੀਤ ਹਾਕੀ ਅਕੈਡਮੀ ਵੱਲੋਂ ਅੱਜ ਜਲੰਧਰ ਦੇ ਸੁਰਜੀਤ ਹਾਕੀ ਸਟੇਡੀਅਮ ਵਿੱਚ ਦੋ ਮੈਚ ਕਰਾਏ ਜਾ ਰਹੇ ਨੇ। ਅੱਜ ਸਵੇਰੇ PIS-ਇਲੈਵਨ ਅਤੇ ਜਲੰਧਰ-ਇਲੈਵਨ ਤੇ ਸੁਰਜੀਤ-ਇਲੈਵਨ ਅਤੇ ਅਲਫ਼ਾ-ਇਲੈਵਨ ਵਿਚਕਾਰ ਮੈਚ ਖੇਡੇ ਗਏ। ਉਨ੍ਹਾਂ ਕਿਹਾ ਕਿ ਇਹ ਜਸ਼ਨ ਨਾ ਸਿਰਫ਼ ਬੀਤੇ ਦੀ ਯਾਦ ਦਿਵਾਉਂਦੇ ਹਨ ਬਲਕਿ ਭਵਿੱਖ ਲਈ ਪ੍ਰੇਰਨਾ ਵੀ ਨੇ।